ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਸਬ ਜੇਲ੍ਹ ਤਰਨਤਾਰਨ ਵਿਖੇ ਕਾਨੂੰਨੀ ਜਾਗਰੂਕਤਾ ਸੈਮੀਨਾਰ ਲਗਾਇਆ

ਜੇਲ੍ਹ ਵਿੱਚ ਬੰਦ ਹਵਾਲਾਤੀਆਂ ਅਤੇ ਕੈਦੀਆਂ ਦੀਆਂ ਮੁਸ਼ਕਿਲਾਂ ਦਾ ਮੌਕੇ 'ਤੇ ਕੀਤਾ ਗਿਆ ਨਿਪਟਾਰਾ

ਤਰਨਤਾਰਨ, 29 ਸਤੰਬਰ :

ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਇੰਚਾਰਜ਼ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀਮਤੀ ਹਰਪ੍ਰੀਤ ਕੌਰ ਰੰਧਾਵਾ ਅਤੇ ਸੀ.ਜੇ.ਐਮ.-ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਰਮਨ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਸਬ ਜੇਲ੍ਹ ਤਰਨ ਤਾਰਨ ਵਿਖੇ ਕਾਨੂੰਨੀ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਡਿਪਟੀ ਸੁਪਰੀਡੈਂਟ ਆਫ ਸਬ ਜੇਲ ਪੱਟੀ ਸ੍ਰੀ ਹਰਪ੍ਰੀਤ ਸਿੰਘ, ਜੇਲ੍ਹ ਸਟਾਫ ਤੋਂ ਇਲਾਵਾ ਕੈਦੀ ਅਤੇ ਹਵਾਲਾਤੀ ਹਾਜ਼ਰ ਸਨ।



ਇਸ ਮੌਕੇ 'ਤੇ ਮੈਡਮ ਹਰਪ੍ਰੀਤ ਕੌਰ ਰੰਧਾਵਾ ਵੱਲੋਂ ਜੇਲ੍ਹ ਵਿਚ ਬੰਦ ਹਵਾਲਾਤੀ ਅਤੇ ਕੈਦੀਆਂ ਦੀ ਮੁਸ਼ਕਿਲਾਂ ਸੁਣੀਆ ਅਤੇ ਮੌਕੇ 'ਤੇ ਹੀ ਜੇਲ੍ਹ ਦੇ ਕਰਮਚਾਰੀਆਂ ਨੂੰ ਉਨ੍ਹਾਂ ਦੀਆਂ ਮੁਸ਼ਕਿਲਾਂ ਹਨੂੰਲ ਕਰਨ ਦੇ ਦਿਸ਼ਾ ਨਿਰਦੇਸ਼ ਵੀ ਜਾਰੀ ਕੀਤੇ। ਮੈਡਮ ਹਰਪ੍ਰੀਤ ਕੌਰ ਰੰਧਾਵਾ ਵੱਲੋਂ ਮੌਜੂਦ ਹਵਾਲਾਤੀਆਂ ਅਤੇ ਕੈਦੀਆਂ ਨੂੰ ਉਨਾਂ ਦੇ ਕਾਨੂੰਨੀ ਹੱਕਾ ਬਾਰੇ ਵੀ ਜਾਗਰੂਕ ਕੀਤਾ ਤੇ ਦੱਸਿਆ ਕਿ ਉਹ ਅਪਣੀ ਅਪੀਲ ਕਦੋਂ ਅਤੇ ਕਿਸ ਪੀਰੀਅਡ ਦੇ ਦੌਰਾਨ ਲਗਾ ਸਕਦੇ ਹਨ।

ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਹਵਾਲਾਤੀਆਂ ਅਤੇ ਕੈਦੀਆਂ ਨੂੰ ਲੋਅਰ ਕੋਰਟ ਤੋਂ ਲੈ ਕੇ ਸੁਪਰੀਮ ਕੌਰਟ ਤੱਕ ਵਕੀਲ ਮੁਫ਼ਤ ਦਿੱਤੇ ਜਾਂਦੇ ਹਨ। ਉਨ੍ਹਾਂ ਨੇ ਹਵਾਲਾਤੀਆਂ ਅਤੇ ਕੈਦੀਆਂ ਦੇ ਮੁਫ਼ਤ ਕਾਨੂੰਨੀ ਸਹਾਇਤਾ ਲੈਣ ਵਾਸਤੇ ਫਾਰਮ ਵੀ ਭਰੇ ਅਤੇ ਅਪਣੇ ਕਲਰਕ ਪੰਕਜ ਸ਼ਰਮਾਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਫਾਰਮਾਂ ਦਾ ਸਾਰਾ ਪ੍ਰੋਸੈਸ ਪੂਰਾ ਕਰਕੇ ਜਲਦੀ ਤੋਂ ਜਲਦੀ ਮੁਫ਼ਤ ਕਾਨੂੰਨੀ ਸਹਾਇਤਾ ਮੁਹੱਈਆ ਕਰਵਾਈ ਜਾਵੇ। ਇਸ ਮੌਕੇ ਕੈਦੀਆਂ ਤੇ ਹਵਾਲਾਤੀਆਂ ਨੂੰ ਮੈਡਮ ਹਰਪ੍ਰੀਤ ਕੌਰ ਰੰਧਾਵਾ ਅਤੇ ਰਮਨ ਕੁਮਾਰ ਸ਼ਰਮਾ ਵੱਲੋ ਸਲਾਹ ਦਿੱਤੀ ਗਈ ਕਿ ਉਹ ਸਮਾਜ ਵਿੱਚ ਰਹਿ ਕੇ ਆਮ ਇਨਸਾਨ ਵਾਂਗ ਅਪਣਾ ਜੀਵਨ ਦਾ ਨਿਰਵਾਹ ਕਰਨ ਅਤੇ ਦੁਬਾਰਾ ਕੋਈ ਵੀ ਗਲਤ ਕੰਮ ਕਰਕੇ ਜੇਲ੍ਹ ਵਿੱਚ ਨਾ ਆਉਣ।

---------------------------